ਰਾਮਕਲੀ ਮਹਲਾ ੧ ॥ ਤੁਧਨੋ ਨਿਵਣੁ ਮੰਨਣੁ ਤੇਰਾ ਨਾਉ ॥ ਸਾਚੁ ਭੇਟ ਬੈਸਣ ਕਉ ਥਾਉ ॥ ਸਤੁ ਸੰਤੋਖੁ ਹੋਵੈ ਅਰਦਾਸਿ ॥ ਤਾ ਸੁਣਿ ਸਦਿ ਬਹਾਲੇ ਪਾਸਿ ॥੧॥ ਨਾਨਕ ਬਿਰਥਾ ਕੋਇ ਨ ਹੋਇ ॥ ਐਸੀ ਦਰਗਹ ਸਾਚਾ ਸੋਇ ॥੧॥ ਰਹਾਉ ॥ ਪ੍ਰਾਪਤਿ ਪੋਤਾ ਕਰਮੁ ਪਸਾਉ ॥ ਤੂ ਦੇਵਹਿ ਮੰਗਤ ਜਨ ਚਾਉ ॥ ਭਾਡੈ ਭਾਉ ਪਵੈ ਤਿਤੁ ਆਇ ॥ ਧੁਰਿ ਤੈ ਛੋਡੀ ਕੀਮਤਿ ਪਾਇ ॥ ੨॥ ਜਿਨਿ ਕਿਛੁ ਕੀਆ ਸੋ ਕਿਛੁ ਕਰੈ ॥ ਅਪਨੀ ਕੀਮਤਿ ਆਪੇ ਧਰੈ ॥ ਗੁਰਮੁਖਿ ਪਰਗਟੁ ਹੋਆ ਹਰਿ ਰਾਇ ॥ ਨਾ ਕੋ ਆਵੈ ਨਾ ਕੋ ਜਾਇ ॥੩॥ ਲੋਕੁ ਧਿਕਾਰੁ ਕਹੈ ਮੰਗਤ ਜਨ ਮਾਗਤ ਮਾਨੁ ਨ ਪਾਇਆ ॥ ਸਹ ਕੀਆ ਗਲਾ ਦਰ ਕੀਆ ਬਾਤਾ ਤੈ ਤਾ ਕਹਣੁ ਕਹਾਇਆ ॥੪॥੮॥ {ਪੰਨਾ 878}

ਨੋਟ:- ਕਿਸੇ ਰਾਜੇ ਬਾਦਸ਼ਾਹ ਦੇ ਦਰਬਾਰ ਵਿਚ ਕੋਈ ਸਵਾਲੀ ਜਾਂਦਾ ਹੈ ਤਾਂ ਪਹਿਲਾਂ ਉਥੇ ਸਿਰ ਨਿਵਾਂਦਾ ਹੈ, ਫਿਰ ਕੋਈ ਭੇਟਾ ਪੇਸ਼ ਕਰਦਾ ਹੈ। ਤਦੋਂ ਰਾਜ-ਦਰਬਾਰ ਵਿਚ ਉਸ ਨੂੰ ਬੈਠਣ ਲਈ ਥਾਂ ਮਿਲਦਾ ਹੈ ਆਦਰ ਮਿਲਦਾ ਹੈ।

ਪਦਅਰਥ:- ਤੁਧ ਨੋ—ਤੈਨੂੰ, ਤੇਰੇ ਅੱਗੇ। ਨਿਵਣੁ—ਸਿਰ ਨਿਵਾਣਾ। ਮੰਨਣੁ—ਪਤੀਜਣਾ, ਡੂੰਘੀ ਸਾਂਝ ਪਾਣੀ। ਸਾਚੁ—ਸਿਫ਼ਤਿ-ਸਾਲਾਹ। ਬੈਸਣ ਕਉ—ਬੈਠਣ ਲਈ। ਸਤੁ—ਦਾਨ, ਸੇਵਾ। ਸੁਣਿ—ਸੁਣ ਕੇ। ਸਦਿ—ਸੱਦ ਕੇ।1।

ਬਿਰਥਾ—ਖ਼ਾਲੀ।1। ਰਹਾਉ।

ਪੋਤਾ—ਖ਼ਜ਼ਾਨਾ। ਕਰਮੁ—ਬਖ਼ਸ਼ਸ਼। ਪਸਾਉ—ਪ੍ਰਸਾਦ, ਕਿਰਪਾ। ਚਾਉ—ਤਾਂਘ। ਭਾਡੈ—ਭਾਂਡੇ ਵਿਚ, ਹਿਰਦੇ ਵਿਚ। ਭਾਉ—ਪ੍ਰੇਮ। ਤਿਤੁ—ਉਸ ਵਿਚ। ਤਿਤੁ ਭਾਂਡੈ—ਉਸ ਹਿਰਦੇ ਵਿਚ। ਧੁਰਿ—ਧੁਰ ਤੋਂ, ਆਪਣੇ ਦਰ ਤੋਂ। ਤੈ—ਤੂੰ। ਕੀਮਤਿ—ਕਦਰ। ਪਾਇ ਛੋਡੀ—ਪਾ ਦਿੱਤੀ ਹੈ।2।

ਜਿਨਿ—ਜਿਸ (ਪਰਮਾਤਮਾ) ਨੇ। ਸੋ—ਉਹੀ ਪਰਮਾਤਮਾ। ਕੀਮਤਿ—ਕਦਰ। ਧਰੈ—(ਜੀਵ ਦੇ ਹਿਰਦੇ ਵਿਚ) ਟਿਕਾਂਦਾ ਹੈ। ਗੁਰਮੁਖਿ—ਜੋ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ।3।

ਲੋਕੁ—ਜਗਤ। ਧਿਕਾਰੁ—ਫਿਟਕਾਰ। ਮਾਗਤ—ਮੰਗਦਿਆਂ। ਮਾਨੁ—ਇੱਜ਼ਤ। ਸਹ ਕੀਆ—ਖਸਮ-ਪ੍ਰਭੂ ਦੀਆਂ। ਤੈ ਤਾ—ਤੂੰ ਆਪ ਹੀ। ਕਹਣੁ—ਬੋਲ।4।

ਅਰਥ:- ਹੇ ਨਾਨਕ! ਪਰਮਾਤਮਾ ਦੀ ਦਰਗਾਹ ਅਜੇਹੀ ਹੈ, ਉਹੀ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਭੀ ਅਜੇਹਾ ਹੈ ਕਿ (ਉਸ ਦੀ ਹਜ਼ੂਰੀ ਵਿਚ ਪਹੁੰਚ ਕੇ) ਕੋਈ (ਸਵਾਲੀ) ਖ਼ਾਲੀ ਨਹੀਂ ਮੁੜਦਾ।1। ਰਹਾਉ।

(ਹੇ ਪ੍ਰਭੂ!) ਤੇਰੇ ਨਾਮ ਨਾਲ ਡੂੰਘੀ ਸਾਂਝ ਪਾਣੀ ਤੇਰੇ ਅੱਗੇ ਸਿਰ ਨਿਵਾਣਾ ਹੈ, ਤੇਰੀ ਸਿਫ਼ਤਿ-ਸਾਲਾਹ (ਤੇਰੇ ਦਰ ਤੇ ਪਰਵਾਨ ਹੋਣੀ ਵਾਲੀ) ਭੇਟਾ ਹੈ (ਜਿਸ ਦੀ ਬਰਕਤਿ ਨਾਲ ਤੇਰੀ ਹਜ਼ੂਰੀ ਵਿਚ) ਬੈਠਣ ਲਈ ਥਾਂ ਮਿਲਦਾ ਹੈ।

(ਹੇ ਭਾਈ!) ਜਦੋਂ ਮਨੁੱਖ ਸੰਤੋਖ ਧਾਰਦਾ ਹੈ, (ਦੂਜਿਆਂ ਦੀ) ਸੇਵਾ ਕਰਦਾ ਹੈ (ਤੇ ਇਸ ਜੀਵਨ-ਮਰਯਾਦਾ ਵਿਚ ਰਹਿ ਕੇ ਪ੍ਰਭੂ-ਦਰ ਤੇ) ਅਰਦਾਸ ਕਰਦਾ ਹੈ, ਤਦੋਂ (ਅਰਦਾਸ) ਸੁਣ ਕੇ (ਸਵਾਲੀ ਨੂੰ) ਸੱਦ ਕੇ ਪ੍ਰਭੂ ਆਪਣੇ ਕੋਲ ਬਿਠਾਂਦਾ ਹੈ।1।

ਹੇ ਪ੍ਰਭੂ! ਜਿਸ ਮਨੁੱਖ ਉਤੇ ਤੇਰੀ ਮੇਹਰ ਹੋਵੇ ਜਿਸ ਉਤੇ ਤੂੰ ਬਖ਼ਸ਼ਸ਼ ਕਰੇਂ ਉਸ ਨੂੰ ਤੇਰੇ ਨਾਮ ਦਾ ਖ਼ਜ਼ਾਨਾ ਮਿਲਦਾ ਹੈ। ਮੈਂ ਮੰਗਤੇ ਦੀ ਭੀ ਇਹ ਤਾਂਘ ਹੈ ਕਿ ਤੂੰ ਮੈਨੂੰ ਆਪਣੇ ਨਾਮ ਦੀ ਦਾਤਿ ਦੇਵੇਂ (ਤਾ ਕਿ ਮੇਰੇ ਹਿਰਦੇ ਵਿਚ ਤੇਰੇ ਚਰਨਾਂ ਦਾ ਪਿਆਰ ਪੈਦਾ ਹੋਵੇ)।

ਹੇ ਪ੍ਰਭੂ! ਸਿਰਫ਼ ਉਸ ਹਿਰਦੇ ਵਿਚ ਤੇਰੇ ਚਰਨਾਂ ਦਾ ਪ੍ਰੇਮ ਪੈਦਾ ਹੁੰਦਾ ਹੈ ਜਿਸ ਵਿਚ ਤੂੰ ਆਪ ਹੀ ਆਪਣੇ ਦਰ ਤੋਂ ਇਸ ਪ੍ਰੇਮ ਦੀ ਕਦਰ ਪਾ ਦਿੱਤੀ ਹੈ।2।

ਜਿਸ ਪਰਮਾਤਮਾ ਨੇ ਇਹ ਜਗਤ-ਰਚਨਾ ਬਣਾਈ, ਜੀਵਾਂ ਦੇ ਹਿਰਦੇ ਵਿਚ ਪ੍ਰੇਮ ਦੀ ਖੇਡ ਭੀ ਉਹ ਆਪ ਹੀ ਖੇਡਦਾ ਹੈ। ਜੀਵਾਂ ਦੇ ਹਿਰਦੇ ਵਿਚ ਆਪਣੇ ਨਾਮ ਦੀ ਕਦਰ ਭੀ ਉਹ ਆਪ ਹੀ ਟਿਕਾਂਦਾ ਹੈ।

ਪਰਮਾਤਮਾ ਗੁਰੂ ਦੀ ਰਾਹੀਂ (ਜੀਵ ਦੇ ਹਿਰਦੇ ਵਿਚ) ਪਰਗਟ ਹੁੰਦਾ ਹੈ, (ਜਿਸ ਦੇ ਅੰਦਰ ਪਰਗਟ ਹੁੰਦਾ ਹੈ ਉਸ ਨੂੰ ਇਹ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਆਪ ਹੀ ਜੀਵ-ਰੂਪ ਹੋ ਕੇ ਜਗਤ ਵਿਚ ਆਉਂਦਾ ਹੈ ਤੇ ਫਿਰ ਚਲਾ ਜਾਂਦਾ ਹੈ, ਉਸ ਤੋਂ ਬਿਨਾ) ਨਾਹ ਕੋਈ ਆਉਂਦਾ ਹੈ ਤੇ ਨਾਹ ਕੋਈ ਜਾਂਦਾ ਹੈ।3।

(ਜਦੋਂ ਕੋਈ ਮੰਗਦਾ ਕਿਸੇ ਪਾਸੋਂ ਕੁਝ ਮੰਗਦਾ ਹੈ, ਤਾਂ ਆਮ ਤੌਰ ਤੇ) ਮੰਗਤੇ ਨੂੰ ਜਗਤ ਫਿਟਕਾਰ ਹੀ ਪਾਂਦਾ ਹੈ, ਮੰਗਦਿਆਂ ਇੱਜ਼ਤ ਨਹੀਂ ਮਿਲਿਆ ਕਰਦੀ। ਪਰ ਹੇ ਖਸਮ-ਪ੍ਰਭੂ! ਤੂੰ ਆਪਣੇ ਉਦਾਰ-ਚਿੱਤ ਹੋਣ ਦੀਆਂ ਗੱਲਾਂ ਤੇ ਆਪਣੇ ਦਰ ਦੀ ਮਰਯਾਦਾ ਦੀਆਂ ਗੱਲਾਂ ਕਿ ਤੇਰੇ ਦਰ ਤੋਂ ਕਦੇ ਕੋਈ ਖ਼ਾਲੀ ਨਹੀਂ ਜਾਂਦਾ ਤੂੰ ਆਪ ਹੀ ਮੇਰੇ ਮੂੰਹੋਂ ਅਖਵਾਈਆਂ ਹਨ (ਤੇਰੇ ਦਰ ਦੇ ਸਵਾਲੀ ਨੂੰ ਇੱਜ਼ਤ ਭੀ ਮਿਲਦੀ ਹੈ ਤੇ ਮੂੰਹ-ਮੰਗੀ ਚੀਜ਼ ਭੀ ਮਿਲਦੀ ਹੈ)।4।8।